# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :28-08-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪੰਜਾਬ ਵਿੱਚ ਹੜ ਪ੍ਰਭਾਵਿਤ ਇਲਾਕਿਆਂ ਵਿਚ ਭਾਰਤੀ ਫੌਜ, NDRF ਅਤੇ ਸੂਬਾ ਸਰਕਾਰ ਵਲੋਂ -ਰਾਹਤ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ - ਹਜ਼ਾਰਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਪਹੁੰਚਿਆ ਗਿਆ।
- ਮੌਸਮ ਵਿਭਾਗ ਵਲੋਂ ਕਲ ਤੋਂ ਲੈਕੇ ਪਹਿਲੀ ਸਤੰਬਰ ਤਕ, ਸੂਬੇ ਦੀਆਂ ਕੁਝ ਥਾਵਾਂ 'ਤੇ ਭਾਰੀ ਮੀਂਹ ਲਈ ਯੈਲੋ ਅਲਰਟ ਜਾਰੀ ।
- ਪ੍ਰਧਾਨ ਮੰਤਰੀ ਜਨ ਧਨ ਯੋਜਨਾ ਨੇ ਅੱਜ 11 ਸਾਲ ਕੀਤੇ ਪੂਰੇ ।
- ਭਾਰਤ ਦੀ ਵਿਲੱਖਣ ਪਛਾਣ ਅਥਾਰਟੀ ਨੇ ਦੇਸ਼ ਭਰ ਵਿਚ ਸਕੂਲਾਂ ਨੂੰ 5 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਲਈ ਆਧਾਰ ਬਾਇਓਮੈਟ੍ਰਿਕ ਜਲਦ ਅਪਡੇਟ ਕਰਨ ਲਈ ਕਿਹਾ ।
- ਬਟਾਲਾ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 538 ਵਾ ਵਿਆਹ ਪੂਰਬ ਦਾ ਤਿੰਨ ਦਿਨਾ ਦਾ ਜੋੜ ਮੇਲਾ, ਅੱਜ ਤੋ ਸ਼ੁਰੂ ਹੋਇਆ ।

- ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਤਹਿਤ, ਮਸ਼ਾਲ ਰਿਲੇਅ ਅੱਜ ਖੇਡਾਂ ਦੀ ਰਾਜਧਾਨੀ ਜਲੰਧਰ ਪਹੁੰਚੀ।

ਹੁਣ ਖਬਰਾਂ ਵਿਸਥਾਰ ਨਾਲ.....

-----------------------------------------------------------

ਬੀਤੇ ਕੁਝ ਦਿਨਾਂ ਤੋਂ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਵਿਚ ਹੋਈ ਬਾਰਿਸ਼ ਕਾਰਨ ਸੂਬੇ ਦੇ ਫਿਰੋਜ਼ਪੁਰ, ਫਾਜ਼ਿਲਕਾ, ਕਪੂਰਥਲਾ, ਗੁਰਦਾਸਪੁਰ ਅੰਮ੍ਰਿਤਸਰ, ਹੁਸ਼ਿਆਰਪੁਰ ਅਤੇ ਤਰਨਤਾਰਨ ਜ਼ਿਲ੍ਹਿਆਂ ਵਿੱਚ ਕਈ ਪਿੰਡ ਪ੍ਰਭਾਵਿਤ ਹੋਏ ਨੇ ਅਤੇ ਸੈਂਕੜੇ ਏਕੜ ਖੇਤੀ ਵਾਲੀ ਜ਼ਮੀਨ ਪਾਣੀ ਵਿਚ ਡੁੱਬ ਗਈ ਏ। ਭਾਰਤੀ ਹਵਾਈ ਫੌਜ ਦੇ ਹੈਲੀਕਾਪਟਰਾਂ ਅਤੇ ਐਨ.ਡੀ.ਆਰ.ਐਫ ਤੇ ਬੀ.ਐਸ.ਐਫ ਦੀਆਂ ਕਿਸ਼ਤੀਆਂ ਨੇ ਸਾਂਝੇ ਤੌਰ 'ਤੇ ਪਠਾਨਕੋਟ, ਫਿਰੋਜ਼ਪੁਰ , ਗੁਰਦਾਸਪੁਰ ਅਤੇ ਕੁਝ ਹੋਰ ਖੇਤਰਾਂ ਤੋਂ ਹਜ਼ਾਰਾਂ ਲੋਕਾਂ ਨੂੰ ਬਾਹਰ ਕੱਢਿਆ ਏ। ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ IBYTe:

ਉਧਰ ਅੰਮ੍ਰਿਤਸਰ ਚ ਰਾਵੀ ਦਰਿਆ ਵਿੱਚ ਆਏ ਹੜਾਂ ਕਾਰਨ ਅੰਮ੍ਰਿਤਸਰ ਦੀ ਅਜਨਾਲਾ ਤਹਿਸੀਲ ਦੇ ਤਕਰੀਬਨ 40 ਪਿੰਡਾਂ ਵਿੱਚ ਲੋਕ ਪ੍ਰਭਾਵਿਤ ਹੋਏ ਨੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ

ਸਾਕਸ਼ੀ ਸਾਹਨੀ ਅਤੇ ਜਿਲਾ ਪੁਲਿਸ ਮੁਖੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਅੱਜ ਸਵੇਰੇ 4 ਵਜੇ ਤੋਂ ਦੁਬਾਰਾ ਰਾਹਤ ਕਾਰਜ ਸ਼ੁਰੂ ਕੀਤੇ ਗਏ , ਜਿਸ ਵਿੱਚ ਸਿਵਲ ਪ੍ਰਸ਼ਾਸਨ ਤੋਂ ਇਲਾਵਾ ਪੁਲਿਸ, ਫੌਜ ਅਤੇ NDRF ਦੀਆਂ ਟੀਮਾਂ ਲਗਾਤਾਰ ਕੰਮ ਕਰ ਰਹੀਆਂ ਨੇ । ਇਹ ਟੀਮਾਂ ਪਾਣੀ ਅਤੇ ਸੜਕ ਦੋਵਾਂ ਤੇ ਚਲਣ ਵਾਲੇ ਵਿਸ਼ੇਸ਼ ਵਾਹਨਾਂ , ਕਿਸ਼ਤੀਆਂ ਅਤੇ ਟਰੈਕਟਰ ਟਰਾਲੀਆਂ ਦੀ ਮਦਦ ਨਾਲ ਹੜ ਵਿੱਚ ਘਿਰੇ ਹੋਏ ਪਿੰਡਾਂ ਤੇ ਡੇਰਿਆਂ ਤੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਉੱਤੇ ਲਿਆ ਰਹੇ ਨੇ । ਹੜ ਕਾਰਨ 14000 ਦੇ ਕਰੀਬ ਆਬਾਦੀ ਦੇ ਪ੍ਰਭਾਵਿਤ ਹੋਣ ਦਾ ਅੰਦਾਜ਼ਾ ਏ । ਰਮਦਾਸ ਵਿਚ ਵੀ ਰਾਹਤ ਕਾਰਜ ਜਾਰੀ ਨੇ । ਜ਼ਿਲ੍ਹਾ ਪਠਾਨਕੋਟ ਅਤੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਥਿਤ ਲਗਭਗ 7 ਪਿੰਡ ਟਾਪੂ ਬਣ ਗਏ ਨੇ ਜਿੱਥੇ ਫਸੇ ਲੋਕਾਂ ਨੂੰ ਰਾਸ਼ਨ ਦੇਣ ਦੇ ਯਤਨ ਕੀਤੇ ਜਾ ਰਹੇ ਨੇ । ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਪਹਾੜੀਪੁਰ ਬੀ.ਐਸ.ਐਫ ਚੌਕੀ ਦਾ ਦੌਰਾ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ । ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦਸਿਆ ।

BYTE:

ਰਣਜੀਤ ਸਾਗਰ ਡੈਮ ਦੇ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਤੋਂ ਡੇਢ ਮੀਟਰ ਹੇਠਾਂ ਜਾਣ ਤੋਂ ਬਾਅਦ, ਜ਼ਿਲ੍ਹਾ ਪ੍ਰਸ਼ਾਸਨ ਨੇ ਹੜ੍ਹ ਦੀ ਸਥਿਤੀ ਨੂੰ

ਕਾਬੂ ਵਿੱਚ ਹੇਠ ਏ। ਦੂਜੇ ਪਾਸੇ, ਮਾਧੋਪੁਰ ਹੈੱਡਵਰਕਸ ਦਾ ਗੇਟ ਟੁੱਟਣ ਤੋਂ ਬਾਅਦ, ਪਾਣੀ ਅਜੇ ਵੀ ਰਾਵੀ ਨਦੀ ਦੇ ਹੇਠਲੇ ਇਲਾਕਿਆਂ ਵਿੱਚ ਵਹਿ ਰਿਹਾ ਏ ਜਿਸ ਕਾਰਨ ਜ਼ਿਲ੍ਹੇ ਦੇ ਸਰਹੱਦੀ ਖੇਤਰ ਦੇ ਪਿੰਡ ਅਜੇ ਵੀ ਪਾਣੀ ਵਿੱਚ ਡੁੱਬੇ ਹੋਏ ਨੇ। ਜਦੋਂ ਕਿ ਪੰਜਾਬ ਵਾਲੇ ਪਾਸੇ ਤੋਂ ਜੰਮੂ ਜਲੰਧਰ ਸ਼ਾਹਰਾਹ ਦੇ ਸੜਕ ਪੁਲ ਦਾ ਪੰਜਵਾਂ ਨੰਬਰ ਪਿੱਲਰ ਵੀ ਢਹਿ ਗਿਆ ਏ। ਇੱਕ ਪਾਸੇ ਤੋਂ ਹਾਈਵੇਅ ਬੰਦ ਕਰ ਦਿੱਤਾ ਗਿਆ ਸੀ ਅਤੇ ਦੂਜੇ ਪੁਲ ਤੋਂ ਆਵਾਜਾਈ ਤੀਜੇ ਦਿਨ ਵੀ ਖੋਲ੍ਹ ਦਿੱਤੀ ਗਈ ਏ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਅੱਜ ਹੜ੍ਹ ਪ੍ਰਭਾਵਿਤ ਖੇਤਰ ਸਸਰਾਲੀ ਕਲੋਨੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਲੁਧਿਆਣਾ ਅਤੇ ਗੁਰਦਾਸਪੁਰ ਵਿਚ ਵਿੱਚ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਏ ਅਤੇ ਪ੍ਰਸ਼ਾਸਨ ਲੋਕਾਂ ਦੀ ਸੁਰੱਖਿਆ ਲਈ 24 ਘੰਟੇ ਕੰਮ ਕਰ ਰਿਹਾ ਏ। ਪ੍ਰਭਾਵਿਤ ਲੋਕਾਂ ਨੂੰ ਭੋਜਨ ਸਮਗਰੀ ਪਹੁੰਚਾਈ ਜਾ ਰਹੀ ਏ BYTE

ਏਧਰ ਕਪੂਰਥਲਾ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਦੇ ਮੱਦੇਨਜ਼ਰ ਪ੍ਰਭਾਵਿਤ ਮੰਡ ਖੇਤਰਾਂ ਦੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਉਹ ਸੁਰੱਖਿਅਤ ਥਾਵਾਂ ਤੇ ਪੁੱਜਣ।BYTE:

ਸ਼੍ਰੀ ਪੰਚਾਲ ਨੇ ਇਹ ਵੀ ਕਿਹਾ ਕਿ ਪਹਾੜੀ ਖੇਤਰਾਂ ਵਿੱਚ ਭਾਰੀ ਮੀਂਹ ਦੇ ਮੱਦੇਨਜ਼ਰ ਦਰਿਆ ਵਿੱਚ ਪਾਣੀ ਦਾ ਪੱਧਰ ਵੱਧ ਰਿਹਾ ਹੈ , ਜਿਸ ਦੇ ਮੱਦੇਨਜ਼ਰ ਪ੍ਰਸ਼ਾਸ਼ਨ ਮੁਸਤੈਦ ਹੈ । ਉਨ੍ਹਾਂ ਲੋਕਾਂ ਨੂੰ ਵੀ ਇਹਤਿਆਤ ਵਰਤਣ ਦੀ ਅਪੀਲ ਕੀਤੀ । ਉਨ੍ਹਾਂ ਦੱਸਿਆ ਕਿ ਐਸ.ਡੀ.ਆਰ.ਐਫ. ਦੀਆਂ ਟੀਮਾਂ 24 ਘੰਟੇ ਕਾਰਜਸ਼ੀਲ ਨੇ ਅਤੇ ਤੜਕਸਾਰ ਤੋਂ ਹੀ 50 ਦੇ ਕਰੀਬ ਪਰਿਵਾਰਾਂ ਨੂੰ ਸਰੁੱਖਿਅਤ ਥਾਵਾਂ ‘ਤੇ ਪਹੁੰਚਾਇਆ ਗਿਆ ਏ ਤੇ ਰਾਹਤ ਕਾਰਜਾਂ ਵਿਚ ਹੋਰ ਤੇਜ਼ੀ ਲਈ ਆਰਮੀ ਦੀਆਂ ਸੇਵਾਵਾਂ ਲਈਆਂ ਗਈਆਂ ਨੇ । ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਉਪਰ ਯਕੀਨ ਨਾ ਕਰਨ ਸਗੋਂ ਕਿਸੇ ਵੀ ਜਾਣਕਾਰੀ ਲਈ ਜਿਲ਼ਾ ਪੱਧਰੀ ਹੈਲਪ ਲਾਇਨ ਨੰਬਰ 01822-231-990 ਜਾਂ 62-800-49-331 , ਸੁਲਤਾਨਪੁਰ ਲੋਧੀ ਦੇ ਹੈਲਪਲਾਇਨ ਨੰਬਰ 01828-222169 , ਤੇ ਸੰਪਰਕ ਕਰ ਸਕਦੇ ਨੇ । ਓਧਰ ਗੁਰਦਾਸਪੁਰ ਦੇ ਦੀਨਾਨਗਰ ਹਲਕੇ ਦੇ ਪਿੰਡਾਂ ਵਿੱਚ ਕਾਫੀ ਪਾਣੀ ਘੱਟ ਹੋਇਆ ਏ ਜਿਸ ਨਾਲ ਲੋਕਾਂ ਨੇ ਲਈ ਰਾਹਤ ਦਾ ਸਾਹ ਲਿਆ IBYTE:

ਗੁਰਦਾਸਪੁਰ ਦੇ ਕਲਾਨੌਰ ਨੇੜੇ ਸਾਹਲੇ ਚੱਕ ਰੋਡ ਤੇ ਕੇਰਲਾ ਇੰਟਰਨੈਸ਼ਨਲ ਸਕੂਲ ਵਿੱਚ ਫਸੇ 30 ਤੋਂ 40 ਮਜਦੂਰਾਂ ਨੂੰ ਮੌਕੇ ਤੇ

ਪਹੁੰਚੀਆਂ NDRF ਦੀਆਂ ਟੀਮਾਂ ਨੇ ਸੁਰਖੇਤ ਬਾਹਰ ਕਡਿਆ । ਇਸਤੋਂ ਨਾਲ ਹੀ ਲੋਕਾਂ ਨੂੰ ਕਿਸੇ ਵੀ ਤਰਾਂ ਦੀ ਅਫਵਾਹ ਤੇ ਯਕੀਨ ਨਾ ਕਰਨ ਦੀ ਅਪੀਲ ਕੀਤੀ ਗਈ ਏ ਲੋਕ ਕੋਈ ਵੀ ਜਾਣਕਾਰੀ ਲੈਣ ਲਈ ਜਾਰੀ ਕੀਤੇ ਵੱਖ ਵੱਖ ਹੈਲਪ ਲਾਈਨ ਨੰਬਰਾਂ ਤੇ ਹੀ ਸੰਪਰਕ ਕਰਨ । ਇਸ ਦੌਰਾਨ, ਮੌਸਮ ਵਿਭਾਗ ਨੇ ਅੱਜ ਪੰਜਾਬ ਵਿੱਚ ਮੀਂਹ ਦੀ ਕੋਈ ਚੇਤਾਵਨੀ ਜਾਰੀ ਨਹੀਂ ਕੀਤੀ ਪਰ ਕਲ ਤੋਂ ਲੈਕੇ ਪਹਿਲੀ ਸਤੰਬਰ ਤਕ ਸੂਬੇ ਦੀਆਂ ਕੁਝ ਥਾਵਾਂ ਤੇ ਭਾਰੀ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ।

------------------------------------------------------------------

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅੱਜ ਮੋਹਾਲੀ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਨੂੰ ਹਰ ਸੰਭਵ ਮਦਦ ਦੇਣ ਬਾਰੇ ਕਿਹਾ ।
BYTE

------------------------------------------------------------------

ਪ੍ਰਧਾਨ ਮੰਤਰੀ ਜਨ ਧਨ ਯੋਜਨਾ ਨੇ ਅੱਜ 11 ਸਾਲ ਪੂਰੇ ਕਰ ਲਏ ਨੇ । ਇਹ ਦੁਨੀਆ ਦੀਆਂ ਸਭ ਤੋਂ ਵੱਡੀਆਂ ਵਿੱਤੀ ਸਮਾਵੇਸ਼ ਪਹਿਲਕਦਮੀਆਂ ਵਿੱਚੋਂ ਇੱਕ ਏ । ਵੇਰਵੇ ਨਾਲ ਇਕ ਰਿਪੋਰਟ ।

ਪ੍ਰਧਾਨ ਮੰਤਰੀ ਜਨ ਧਨ ਯੋਜਨਾ, ਵਿੱਤੀ ਸਮਾਵੇਸ਼ ਬਾਰੇ ਇੱਕ ਰਾਸ਼ਟਰੀ ਮਿਸ਼ਨ ਏ, ਜਿਸਦਾ ਵਿਆਪਕ ਵਿੱਤੀ ਸਮਾਵੇਸ਼ ਲਿਆਉਣ ਅਤੇ ਦੇਸ਼ ਦੇ ਸਾਰੇ ਪਰਿਵਾਰਾਂ ਨੂੰ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ, ਇੱਕ ਏਕੀਕ੍ਰਿਤ ਦ੍ਰਿਸ਼ਟੀਕੋਣ ਏ। ਇਹ ਯੋਜਨਾ ਬੁਨਿਆਦੀ ਬੱਚਤ ਬੈਂਕ ਖਾਤੇ ਦੀ ਉਪਲਬਧਤਾ, ਲੋੜ-ਅਧਾਰਤ ਕਰਜ਼ੇ ਤੱਕ ਪਹੁੰਚ, ਪੈਸੇ ਭੇਜਣ ਦੀ ਸਹੂਲਤ, ਬੀਮਾ ਅਤੇ ਪੈਨਸ਼ਨ ਵਰਗੀਆਂ ਵਿੱਤੀ ਸੇਵਾਵਾਂ ਤੱਕ ਪਹੁੰਚ ਨੂੰ ਯਕੀਨੀ ਬਣਾਉਂਦੀ ਏ। ਪ੍ਰਧਾਨ ਮੰਤਰੀ ਜਨ ਧਨ ਯੋਜਨਾ ਹਰੇਕ ਘਰ ਲਈ, ਘੱਟੋ-ਘੱਟ ਇੱਕ ਬੁਨਿਆਦੀ ਬੈਂਕਿੰਗ ਖਾਤਾ, ਵਿੱਤੀ ਸਾਖਰਤਾ ਅਤੇ ਕਰਜ਼ਾ, ਬੀਮਾ ਅਤੇ ਪੈਨਸ਼ਨ ਸਹੂਲਤ ਤੱਕ ਪਹੁੰਚ ਦੇ ਨਾਲ, ਬੈਂਕਿੰਗ ਸਹੂਲਤਾਂ ਤੱਕ ਵਿਆਪਕ ਪਹੁੰਚ ਲਈ, ਇੱਕ ਮੰਚ ਪ੍ਰਦਾਨ ਕਰਦੀ ਏ। ਇਹ ਸ਼ਹਿਰੀ ਅਤੇ ਪੇਂਡੂ, ਦੋਵਾਂ ਇਲਾਕਿਆਂ ਨੂੰ ਕਵਰ ਕਰਦੀ ਏ ਅਤੇ ਖਾਤਾ ਖੋਲ੍ਹਣ ਵਾਲਿਆਂ ਨੂੰ ਸਵਦੇਸ਼ੀ ਡੈਬਿਟ ਕਾਰਡ (RuPAY ਕਾਰਡ) ਵੀ ਪ੍ਰਦਾਨ ਕਰਦੀ ਏ। ਖਾਤਾ ਕਿਸੇ ਵੀ ਬੈਂਕ ਸ਼ਾਖਾ ਵਿੱਚ ਜ਼ੀਰੋ ਬੈਲੇਂਸ 'ਤੇ ਖੋਲ੍ਹਿਆ ਜਾ ਸਕਦਾ ਏ। ਹਰੇਕ ਬੈਂਕ ਖਾਤਾ ਬੈਂਕਾਂ ਦੇ ਕੋਰ ਬੈਂਕਿੰਗ ਸਿਸਟਮ 'ਤੇ ਏ।ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

---

ਭਾਰਤ ਦੀ ਵਿਲੱਖਣ ਪਛਾਣ ਅਥਾਰਟੀ - UIDAI ਨੇ ਦੇਸ਼ ਭਰ ਦੇ ਸਕੂਲਾਂ ਨੂੰ 5 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਲਈ ਸਮੇਂ ਸਿਰ ਆਧਾਰ ਲਾਜ਼ਮੀ ਬਾਇਓਮੈਟ੍ਰਿਕ ਅਪਡੇਟ ਯਕੀਨੀ ਬਣਾਉਣ ਲਈ ਕਿਹਾ ਏ । ਅਥਾਰਟੀ ਦੇ ਕਾਰਜਕਾਰੀ ਅਧਿਕਾਰੀ ਭੁਵਨੇਸ਼ ਕੁਮਾਰ ਨੇ ਇਸ ਸਬੰਧ ਵਿੱਚ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਨੂੰ ਇੱਕ ਪੱਤਰ ਲਿਖਿਆ ਅਤੇ ਇਸ ਨਾਲ ਸਬੰਧਤ ਕੈਂਪਾਂ ਦੇ ਆਯੋਜਨ ਵਿੱਚ ਸਹਿਯੋਗ ਦੀ ਬੇਨਤੀ ਕੀਤੀ।

---

ਬਟਾਲਾ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 538 ਵਾ ਵਿਆਹ ਪੁਰਬ ਦਾ ਤਿੰਨ ਦਿਨਾ ਦਾ ਜੋੜ ਮੇਲਾ ਅੱਜ ਤੋ ਹੋਇਆ ਸ਼ੁਰੂ ਹੋਇਆ । ਉਥੇ ਹੀ ਅੱਜ ਪਹਿਲੇ ਦਿਨ ਇਤਹਾਸਿਕ ਗੁਰੂਦਵਾਰਾ ਸ੍ਰੀ ਕੰਧ ਸਾਹਿਬ ਅਤੇ ਡੇਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਈ ਅਤੇ ਇਸ ਮੌਕੇ ਵੱਡੀ ਗਿਣਤੀ 'ਚ ਸੰਗਤ ਅੱਜ ਸਵੇਰ ਤੋ ਹੀ ਇਤਹਾਸਿਕ ਗੁਰੂਦਵਾਰਾ ਸਾਹਿਬ 'ਚ ਨਤਮਸਤੱਕ ਹੋਣ ਲਈ ਪੁਹੁਚੀ । ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਮੈਬਰ ਗੁਰਵਿੰਦਰ ਪਾਲ ਸਿੰਘ ਗੋਰਾ ਨੇ ਦੱਸਿਆ ਕੀ ਹਰ ਸਾਲ ਦੀ ਤਰ੍ਹਾ ਸ੍ਰੀ ਅਖੰਡ ਪਾਠ ਸਾਹਿਬ

ਆਰੰਭ ਹੋਏ ਨੇ ਅਤੇ 30 ਅਗਸਤ ਨੂੰ ਭੋਗ ਪਾਏ ਜਾਣਗੇ ਅਤੇ 30 ਅਗਸਤ ਨੂੰ ਬਟਾਲਾ ਚ ਇਕ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ।

--------------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਸ਼ੁਰੂ ਕੀਤੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਤਹਿਤ ਮਸ਼ਾਲ ਰਿਲੇਅ ਅੱਜ ਖੇਡਾਂ ਦੀ ਰਾਜਧਾਨੀ ਜਲੰਧਰ ਪਹੁੰਚੀ । ਕਪੂਰਥਲਾ ਤੋਂ ਆਈ ਇਸ ਮਸ਼ਾਲ ਦਾ ਅੱਜ ਸਵੇਰੇ ਪਿੰਡ ਮੰਡ ਪਹੁੰਚਣ 'ਤੇ ਰਾਸ਼ਟਰੀ ਤਮਗਾ ਜੇਤੂ ਖਿਡਾਰੀਆਂ ਵੱਲੋਂ ਸਵਾਗਤ ਕੀਤਾ ਗਿਆ। ਇਸ ਮਗਰੋਂ ਸਥਾਨਕ ਸਰਕਟ ਹਾਊਸ ਵਿਖੇ ਪਹੁੰਚਣ 'ਤੇ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਡ ਦੇ ਚੇਅਰਮੈਨ ਮੰਗਲ ਸਿੰਘ ਬੱਸੀ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, ਆਮ ਆਦਮੀ ਪਾਰਟੀ ਆਗੂ ਰਾਜਵਿੰਦਰ ਕੌਰ ਥਿਆੜਾ ਅਤੇ ਹੋਰਨਾਂ ਵੱਲੋਂ ਮਸ਼ਾਲ ਦਾ ਸਵਾਗਤ ਕੀਤਾ ਗਿਆ। ਜ਼ਿਕਰਯੋਗ ਏ ਕਿ 'ਖੇਡਾਂ ਵਤਨ ਪੰਜਾਬ ਦੀਆਂ-2025' ਨੂੰ ਸਮਰਪਿਤ ਇਹ ਮਸ਼ਾਲ 20 ਅਗਸਤ ਨੂੰ ਜ਼ਿਲ੍ਹਾ ਸੰਗਰੂਰ ਤੋਂ ਰਵਾਨਾ ਹੋਈ ਸੀ, ਜੋ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਹੁੰਦੀ ਹੋਈ ਵੀਰਵਾਰ ਨੂੰ ਜਲੰਧਰ

ਪਹੁੰਚੀ। ਇਸ ਤੋਂ ਬਾਅਦ ਮਸ਼ਾਲ ਨੂੰ ਅਗਲੇ ਗੇੜ ਮੋਗਾ ਲਈ ਰਵਾਨਾ ਕਰ ਦਿੱਤਾ ਗਿਆ। ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਜ਼ਿਲ੍ਹੇ ਵਿੱਚ 3 ਤੋਂ 15 ਸਤੰਬਰ ਤੱਕ ਬਲਾਕ ਪੱਧਰ 'ਤੇ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ।

-------------------------------------------------------------------

- ਪੰਜਾਬ ਵਿੱਚ ਹੜ ਪ੍ਰਭਾਵਿਤ ਇਲਾਕਿਆਂ ਵਿਚ ਭਾਰਤੀ ਫੌਜ, NDRF ਅਤੇ ਸੂਬਾ ਸਰਕਾਰ ਵਲੋਂ -ਰਾਹਤ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ - ਹਜ਼ਾਰਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਪਹੁੰਚਿਆ ਗਿਆ।
- ਮੌਸਮ ਵਿਭਾਗ ਵਲੋਂ ਕਲ ਤੋਂ ਲੈਕੇ ਪਹਿਲੀ ਸਤੰਬਰ ਤਕ, ਸੂਬੇ ਦੀਆਂ ਕੁਝ ਥਾਵਾਂ 'ਤੇ ਭਾਰੀ ਮੀਂਹ ਲਈ ਯੈਲੋ ਅਲਰਟ ਜਾਰੀ ।
- ਪ੍ਰਧਾਨ ਮੰਤਰੀ ਜਨ ਧਨ ਯੋਜਨਾ ਨੇ ਅੱਜ 11 ਸਾਲ ਕੀਤੇ ਪੂਰੇ ।
- ਭਾਰਤ ਦੀ ਵਿਲੱਖਣ ਪਛਾਣ ਅਥਾਰਟੀ ਨੇ ਦੇਸ਼ ਭਰ ਵਿਚ ਸਕੂਲਾਂ ਨੂੰ 5 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਲਈ ਆਧਾਰ ਬਾਇਓਮੈਟ੍ਰਿਕ ਜਲਦ ਅਪਡੇਟ ਕਰਨ ਲਈ ਕਿਹਾ ।

- ਬਟਾਲਾ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 538 ਵਾ ਵਿਆਹ ਪੁਰਬ ਦਾ ਤਿੰਨ ਦਿਨਾ ਦਾ ਜੋੜ ਮੇਲਾ, ਅੱਜ ਤੋ ਸ਼ੁਰੂ ਹੋਇਆ।
- ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਤਹਿਤ, ਮਸ਼ਾਲ ਰਿਲੇਅ ਅੱਜ ਖੇਡਾਂ ਦੀ ਰਾਜਧਾਨੀ ਜਲੰਧਰ ਪਹੁੰਚੀ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**